Vigilance Bureau Punjab

**Vigilance nabs head constable taking bribe Rs. 5,000**

Chandigarh, April 6: State Vigilance Bureau, today nabbed head constable (HC) Jatinder Singh red handed while accepting bribe of Rs 5,000.

Disclosing this here an official spokesperson of the Vigilance Bureau said HC Jatinder Singh reader of SHO Raman Mandi, Jalandhar was nabbed red handed on the complaint of Sukhwinder Singh of Ajit Nagar, Jalandhar city. The complainant has approached the VB and alleged that the accused police official was demanding Rs 5,000 to struck off his name from the list of Kalandra u/s 110 CrpC.

After verifying his information, the Vigilance team laid a trap and the accused HC was arrested on the spot taking bribe of Rs. 5,000 from the complainant in the presence of two official witnesses. He informed that a case under different sections of prevention of corruption act has been registered against him at VB police station Jalandhar and further investigation was under progress.

--------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ 5,000 ਦੀ ਰਿਸ਼ਵਤ ਲੈਂਦਾ ਹੌਲਦਾਰ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 6 ਅਪਰੈਲ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਐਸ.ਐਚ.ਓ ਰਾਮਾਮੰਡੀ, ਜਲੰਧਰ ਦੇ ਰੀਡਰ ਵਜੋਂ ਤਾਇਨਾਤ ਹੌਲਦਾਰ ਜਤਿੰਦਰ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਹੌਲਦਾਰ ਨੂੰ ਸ਼ਿਕਾਇਤਕਰਤਾ ਸੁਖਵਿੰਦਰ ਸਿੰਘ ਵਾਸੀ ਅਜੀਤ ਨਗਰ, ਜਲੰਧਰ ਦੀ ਸ਼ਿਕਾਇਤ ’ਤੇ ਫੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦਾ ਨਾਂ ਮੁਲਜਮਾਂ ਦੀ ਸੂਚੀ ਵਿਚੋਂ ਕੱਢਣ ਅਤੇ ਉਸ ਖਿਲਾਫ਼ 110 ਸੀ.ਆਰ.ਪੀ.ਸੀ ਦਾ ਕਲੰਦਰਾ ਨਾ ਦੇਣ ਬਦਲੇ 5,000 ਰੁਪਏ ਦੀ ਮੰਗ ਕੀਤੀ ਗਈ ਹੈ ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਹੌਲਦਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------